ਦੇਵਗੰਧਾਰੀ ਮਹਲਾ ੫ ॥ ਮਾਈ ਗੁਰ ਬਿਨੁ ਗਿਆਨੁ ਨ ਪਾਈਐ ॥ ਅਨਿਕ ਪ੍ਰਕਾਰ ਫਿਰਤ ਬਿਲਲਾਤੇ ਮਿਲਤ ਨਹੀ ਗੋਸਾਈਐ ॥੧॥ ਰਹਾਉ ॥ ਮੋਹ ਰੋਗ ਸੋਗ ਤਨੁ ਬਾਧਿਓ ਬਹੁ ਜੋਨੀ ਭਰਮਾਈਐ ॥ ਟਿਕਨੁ ਨ ਪਾਵੈ ਬਿਨੁ ਸਤਸੰਗਤਿ ਕਿਸੁ ਆਗੈ ਜਾਇ ਰੂਆਈਐ ॥ ੧॥ ਕਰੈ ਅਨੁਗ੍ਰਹੁ ਸੁਆਮੀ ਮੇਰਾ ਸਾਧ ਚਰਨ ਚਿਤੁ ਲਾਈਐ ॥ ਸੰਕਟ ਘੋਰ ਕਟੇ ਖਿਨ ਭੀਤਰਿ ਨਾਨਕ ਹਰਿ ਦਰਸਿ ਸਮਾਈਐ ॥੨॥੨੨॥ {ਪੰਨਾ 532}

ਪਦਅਰਥ:- ਮਾਈ—ਹੇ ਮਾਂ! ਗਿਆਨੁ—ਆਤਮਕ ਜੀਵਨ ਦੀ ਸੂਝ, ਪਰਮਾਤਮਾ ਨਾਲ ਡੂੰਘੀ ਸਾਂਝ। ਅਨਿਕ ਪ੍ਰਕਾਰ—ਕਈ ਤਰ੍ਹਾਂ। ਬਿਲਲਾਤੇ—ਵਿਲਕਦੇ। ਗੋਸਾਈਐ—{ਗੋ-ਧਰਤੀ} ਸ੍ਰਿਸ਼ਟੀ ਦੇ ਮਾਲਕ ਪ੍ਰਭੂ ਨੂੰ।1। ਰਹਾਉ।

ਬਾਧਿਓ—ਬੱਝਾ ਰਹਿੰਦਾ ਹੈ, ਜਕੜਿਆ ਰਹਿੰਦਾ ਹੈ। ਭਰਮਾਈਐ—ਭਟਕਦੇ ਫਿਰੀਦਾ ਹੈ। ਜਾਇ—ਜਾ ਕੇ। ਰੂਆਈਐ—ਪੁਕਾਰ ਕੀਤੀ ਜਾਏ।1।

ਅਨੁਗ੍ਰਹੁ—ਕਿਰਪਾ। ਸਾਧ—ਗੁਰੂ। ਸੰਕਟ—ਦੁੱਖ। ਘੋਰ—ਭਿਆਨਕ। ਖਿਨ ਭੀਤਰਿ—ਖਿਨ ਵਿਚ। ਦਰਸਿ—ਦਰਸਨ ਵਿਚ। ਸਮਾਈਐ—ਲੀਨ ਹੋ ਜਾਈਦਾ ਹੈ।2।

ਅਰਥ:- ਹੇ (ਮੇਰੀ) ਮਾਂ! ਗੁਰੂ (ਦੀ ਸਰਨ ਪੈਣ) ਤੋਂ ਬਿਨਾ ਪਰਮਾਤਮਾ ਨਾਲ ਡੂੰਘੀ ਸਾਂਝ ਨਹੀਂ ਪੈ ਸਕਦੀ। ਹੋਰ ਹੋਰ ਅਨੇਕਾਂ ਕਿਸਮਾਂ ਦੇ ਉੱਦਮ ਕਰਦੇ ਲੋਕ ਭਟਕਦੇ ਫਿਰਦੇ ਹਨ, ਪਰ (ਉਹਨਾਂ ਉੱਦਮਾਂ ਨਾਲ) ਉਹ ਪਰਮਾਤਮਾ ਨੂੰ ਨਹੀਂ ਮਿਲ ਸਕਦੇ।1। ਰਹਾਉ।

(ਹੇ ਮਾਂ! ਗੁਰੂ ਦੀ ਸਰਨ ਤੋਂ ਬਿਨਾ ਮਨੁੱਖ ਦਾ) ਸਰੀਰ (ਮਾਇਆ ਦੇ) ਮੋਹ (ਸਰੀਰਕ) ਰੋਗਾਂ ਅਤੇ ਗ਼ਮਾਂ ਨਾਲ ਜਕੜਿਆ ਰਹਿੰਦਾ ਹੈ, ਅਨੇਕਾਂ ਜੂਨਾਂ ਵਿਚ ਭਟਕਦੇ ਫਿਰੀਦਾ ਹੈ। ਸਾਧ ਸੰਗਤਿ (ਦੀ ਸਰਨ) ਤੋਂ ਬਿਨਾ (ਜੂਨਾਂ ਦੇ ਗੇੜ ਤੋਂ) ਟਿਕਾਣਾ ਨਹੀਂ ਹਾਸਲ ਕਰ ਸਕਦਾ। (ਗੁਰੂ ਤੋਂ ਬਿਨਾ) ਕਿਸੇ ਹੋਰ ਪਾਸ (ਇਸ ਦੁੱਖ ਦੀ ਨਵਿਰਤੀ ਵਾਸਤੇ) ਫਰਿਆਦ ਭੀ ਨਹੀਂ ਕੀਤੀ ਜਾ ਸਕਦੀ।1।

ਹੇ ਮਾਂ! ਜਦੋਂ ਮੇਰਾ ਮਾਲਕ-ਪ੍ਰਭੂ ਮੇਹਰ ਕਰਦਾ ਹੈ, ਤਦੋਂ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਸਕੀਦਾ ਹੈ। ਹੇ ਨਾਨਕ! (ਗੁਰੂ ਦੀ ਕਿਰਪਾ ਨਾਲ) ਭਿਆਨਕ ਦੁੱਖ ਇਕ ਖਿਨ ਵਿਚ ਕੱਟੇ ਜਾਂਦੇ ਹਨ, ਤੇ, ਪਰਮਾਤਮਾ ਦੇ ਦੀਦਾਰ ਵਿਚ ਲੀਨ ਹੋ ਜਾਈਦਾ ਹੈ।2। 22।